ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ, ਫੇਜ਼ੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ,ਮੁਹਾਲੀ
ਫੋਨ ਨੰਬਰ: 0172-2212221, ਫੈਕਸ ਨੰ: 0172-2212793

ਵੱਲ (ਵੈੱਬਸਾਇਟ ਰਾਹੀਂ)

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ), ਪੰਜਾਬ।
2. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਪੰਜਾਬ।
3. ਸਮੂਹ ਸਕੂਲ ਮੁਖੀ, ਪੰਜਾਬ।

ਮੀਮੋ ਨੰ: guidance & Counselling 96004 ਮਿਤੀ: 19-03-20.

ਵਿਸ਼ਾ:- ਕੋਰੋਨਾ ਵਾਇਰਸ (Covid-19) ਕਾਰਨ ਪ੍ਰੀਖਿਆਵਾਂ ਨੂੰ 31 ਮਾਰਚ 2020 ਤੱਕ ਮੁਲਤਵੀ ਕਰਨ ਸਬੰਧੀ।

1.0 ਉਪਰਕੋਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ (Covid-19) ਕਾਰਨ ਬੱਚਿਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ 31 ਮਾਰਚ 2020 ਤੱਕ ਬੱਚਿਆਂ ਨੂੰ ਸਕੂਲਾਂ ਅੰਦਰ ਛੁੱਟੀਆਂ ਕੀਤੀਆਂ ਗਈਆਂ ਸਨ।

3.0 ਪੰਜਾਬ ਸਰਕਾਰ ਵੱਲੋਂ ਇਹ ਫੈਸਲਾ ਵੀ ਲਿਆ ਗਿਆ ਹੈ ਕਿ ਦਸਵੀਂ ਅਤੇ ਬਾਰਵੀਂ ਦੀਆਂ ਚੱਲ ਰਹੀਆਂ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਨੂੰ 31.03.2020 ਤੱਕ ਮੁਲਤਵੀ ਕੀਤਾ ਜਾਂਦਾ ਹੈ।

4.0 ਇਸੇ ਤਰ੍ਹਾਂ ਸਕੂਲ ਸਿੱਖਿਆ ਵਿਭਾਗ ਵੱਲੋਂ ਲਈਆਂ ਜਾ ਰਹੀਆਂ ਬਾਕੀ ਜਮਾਤਾਂ ਦੀਆਂ ਪ੍ਰੀਖਿਆਵਾਂ ਨੂੰ ਵੀ 31.03.2020 ਤੱਕ ਮੁਲਤਵੀ ਕੀਤਾ ਜਾਂਦਾ ਹੈ।

5.0 ਪ੍ਰੀਖਿਆਵਾਂ ਦੇ ਰੱਦ ਹੋਣ ਕਾਰਨ ਸਕੂਲ ਬੰਦ ਰਹਿਣ ਕਾਰਨ ਅਧਿਆਪਕ ਅਤੇ ਦੂਜੇ ਸਟਾਫ਼ ਮੈਂਬਰ ਆਪਣੇ ਘਰੇ ਬੈਠ ਕੇ ਹੀ ਵਿਭਾਗ ਦੀਆਂ ਸਮੇਂ-ਸਮੇਂ ਸਿਰ ਦਿੱਤੀਆਂ ਗਈਆਂ ਹਦਾਇਤਾਂ ਅਨੁਸਾਰ ਕੰਮ ਕਰਦੇ ਰਹਿਣਗੇ।

ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।

ਪਿੱਠ ਅੰਕਣ ਨੰ. 823 ਮਿਤੀ: 19-03-20.

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:

1. ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਚੈਅਰਮੈਨ, ਪੰਜਾਬ ਸਿੱਖਿਆ ਬੋਰਡ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਜਿੰਨ੍ਹਾਂ ਅਧਿਆਪਕਾਂ ਦੀ ਡਿਊਟੀ Evaluation ਵਿੱਚ ਲੱਗੀ ਹੈ, ਇਹਨਾਂ ਅਧਿਆਪਕਾਂ ਨੂੰ ਘਰਾਂ ਵਿੱਚ ਹੀ ਉੱਤਰ ਪੱਤਰੀਆਂ ਲੈ ਕੇ ਜਾਣ ਦੀ ਆਗਿਆ ਦਿੱਤੀ ਜਾਵੇ ਜੀ।
3. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ
5. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ), ਪੰਜਾਬ

ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।